# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

## ਨਗਰ ਨਿਗਮ ਹੁਸ਼ਿਆਰਪੁਰ ਸਵੱਛਤਾ ਮਿਸ਼ਨ ਵਿੱਚ 447ਵੇਂ ਸਥਾਨ ਤੋਂ 124 ਰੈਂਕ ਦਾ ਸੁਧਾਰ ਕਰਕੇ ਦੇਸ਼ ਭਰ ਵਿੱਚ 323ਵੇਂ ਸਥਾਨ ਤੇ ਪਹੁੰਚਿਆ....ਮੇਅਰ ਸ਼ਿਵ ਸੂਦ

### ਪੰਜਾਬ ਭਰ ਵਿੱਚੋਂ ਨਗਰ ਨਿਗਮ ਹੁਸ਼ਿਆਰਪੁਰ ਆਇਆ 9ਵੇਂ ਸਥਾਨ ਤੇ

ਹੁਸ਼ਿਆਰਪੁਰ 05 ਮਈ ਕੁਆਲਟੀ ਕੌਂਸਲ ਆਫ ਇੰਡੀਆ ਵੱਲੋਂ ਸਵੱਛ ਭਾਰਤ ਅਭਿਆਨ ਤਹਿਤ ਪੂਰੇ ਭਾਰਤ ਵਿੱਚ ਕਰਵਾਏ ਗਏ ਸਵੱਛਤਾ ਸਵਰੇਖਣ ਵਿੱਚ ਹੁਸ਼ਿਆਰਪੁਰ ਨਗਰ ਨਿਗਮ 124 ਸ਼ਹਿਰਾਂ ਨੂੰ ਪਿੱਛੇ ਛੱਡ ਕੇ ਦੇਸ਼ ਦੇ 323 ਰੈਕ ਤੇ ਆਇਆ ਹੈ। ਇਹ ਜਾਣਕਾਰੀ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਦਿੰਦਿਆਂ ਦੱਸਿਆ ਕਿ ਪਿਛਲੇ ਸਾਲ ਕਰਵਾਏ ਗਏ ਸਰਵੇਖਣ ਵਿੱਚ ਹੁਸ਼ਿਆਰਪੁਰ 447 ਰੈਕ ਤੇ ਆਇਆ ਸੀ। ਜਿਸ ਵਿੱਚੋਂ ਇਸ ਸਾਲ 124 ਰੈਕ ਦਾ ਸੁਧਾਰ ਹੋਇਆ ਹੈ। ਇਸੇ ਤਰ੍ਹਾਂ ਹੁਸ਼ਿਆਰਪੁਰ ਪੂਰੇ ਸੂਬੇ ਵਿੱਚੋਂ ਸਵੱਛਤਾ ਦੇ ਅਧਾਰ ਤੇ 9ਵੇਂ ਸਥਾਨ ਤੇ ਆਇਆ ਹੈ।

ਮੇਅਰ ਸ਼ਿਵ ਸੂਦ ਨੇ ਦੱਸਿਆ ਕਿ ਅਕਾਲੀ-ਭਾਜਪਾ ਸਰਕਾਰ ਦੇ ਸਮੇਂ ਮੁੱਖ ਮੰਤਰੀ ਪੰਜਾਬ ਦੇ ਰਾਜਨੀਤੀਕ ਸਲਾਹਕਾਰ ਤਿਕਸ਼ਨ ਸੂਦ ਦੇ ਯਤਨਾ ਸਦਕਾ ਨਗਰ ਨਿਗਮ ਲਈ ਕਰੋੜਾਂ ਰੁਪਏ ਦੇ ਫੰਡ ਲਿਆਂਦੇ ਗਏ ਜਿਸ ਨਾਲ ਨਗਰ ਨਿਗਮ ਦੇ ਸਾਰੇ ਵਾਰਡਾਂ ਵਿੱਚ ਵਿਸ਼ੇਸ਼ ਸਫਾਈ ਅਭਿਆਨ ਚਲਾਇਆ ਗਿਆ। ਜਿਸ ਤਹਿਤ ਸਾਰੇ ਸ਼ਹਿਰ ਵਿੱਚ 100% ਸੀਵਰੇਜ਼ ਦੀ ਮੁਹਿੰਮ ਤਹਿਤ 102 ਕਰੋੜ ਰੁਪਏ ਦੀ ਲਾਗਤ ਨਾਲ ਸੀਵਰੇਜ਼ ਪਾਇਆ ਗਿਆ। ਸੀਵਰੇਜ਼ ਦੇ ਪਾਣੀ ਨੂੰ ਸਾਫ ਕਰਨ ਲਈ ਇੱਕ ਟ੍ਰੀਟਮੈਂਟ ਪਲਾਂਟ ਵੀ ਲਗਾਇਆ ਗਿਆ। ਸ਼ਹਿਰ ਦੀ ਸਫਾਈ ਲਈ 2 ਜੇ.ਸੀ.ਬੀ ਮਸ਼ੀਨਾ, 3 ਟਰੈਕਟਰ, 10 ਟਾਟਾ ਏਸ 150 ਰਿਕਸ਼ਾ ਰੇਹੜੀਆਂ ਦੀ ਖਰੀਦ ਕੀਤੀ ਗਈ ਜਿਸ ਨਾਲ ਘਰਾਂ ਤੋਂ ਕੂੜੇ ਨੂੰ ਸਕੈਂਡਰੀ ਪੁਆਇੰਟ ਤੱਕ ਲਿਜਾਇਆ ਜਾ ਸਕੇ। ਵੱਖ-ਵੱਖ ਵਾਰਡਾਂ ਵਿੱਚ ਕੱਚਰਾ ਇਕੱਠਾ ਕਰਨ ਲਈ ਨਗਰ ਨਿਗਮ ਵੱਲੋਂ ਸ਼ਹਿਰ ਨੂੰ ਸਵੱਛ ਅਤੇ ਸਾਫ-ਸੁਥਰਾਂ ਰੱਖਣ ਲਈ ਸ਼ਹਿਰ ਦੀਆਂ ਵੱਖ-ਵੱਖ ਪਾਰਕਾਂ, ਵੱਖ-ਵੱਖ ਬਜਾਰਾਂ ਅਤੇ ਵੱਖ-ਵੱਖ ਮੁਹੱਲਿਆਂ ਵਿੱਚ ਕੂੜੇ ਕਰਕਟ ਦੀ ਸਾਭ-ਸੰਭਾਲ ਲਈ ਨਗਰ ਨਿਗਮ ਵੱਲੋਂ ਡਸਬਿਨ ਲਗਾਏ ਗਏ। ਉਹਨਾਂ ਹੋਰ ਦੱਸਿਆ ਕਿ ਨਗਰ ਨਿਗਮ ਵੱਲੋਂ ਸਵੱਛ ਭਾਰਤ ਮੁਹਿੰਮ ਤਹਿਤ ਅਲੱਗ-ਅਲੱਗ ਵਾਰਡਾਂ ਵਿੱਚ ਸਫਾਈ ਪੰਦਰਵਾੜੇ ਮਨਾਏ ਗਏ ਇਸ ਤੋਂ ਇਲਾਵਾਂ ਸ਼ਹਿਰ ਦੀਆਂ ਮੁਹੱਤਵਪੂਰਨ ਥਾਵਾਂ ਜਿਵੇਂ ਬੱਸ ਅੱਡਾ, ਰੇਲਵੇ ਸਟੇਸ਼ਨ, ਸਿਵਲ ਹਸਪਤਾਲ, ਸਰਕਾਰੀ ਦਫ਼ਤਰ, ਜਿਲ੍ਹਾਂ ਪ੍ਰਬੰਧਕੀ ਕੰਪਲੈਕਸ, ਤਹਿਸੀਲ ਕੰਪਲੈਕਸ ਅਤੇ ਜਿਲ੍ਹਾਂ ਕਚੈਹਰੀਆਂ ਵਿੱਚ ਵੀ ਸਫਾਈ ਅਭਿਆਨ ਚਲਾਇਆ ਗਿਆ ਅਤੇ ਕੂੜੇ ਦੇ ਸਕੈਂਡਰੀ ਪੁਆਇੰਟਾਂ ਨੂੰ ਇੰਨਟਲਾਕਿੰਗ ਟਾਇਲਾਂ ਲਗਾਕੇ ਪੱਕਾ ਕੀਤਾ ਗਿਆ। ਸ਼ਹਿਰ ਵਿੱਚ ਮੇਲਿਆਂ ਦੌਰਾਨ ਸਵੈ-ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਸਫਾਈ ਅਭਿਆਨ ਚਲਾਇਆ ਗਿਆ ਅਤੇ ਸਕੂਲੀ ਬੱਚਿਆਂ ਨੂੰ ਜਾਗਰੂਕ ਕਰਨ ਲਈ ਪੈਟਿੰਗ ਅਤੇ ਸਲੋਗਨ ਮੁਕਾਬਲੇ ਕਰਵਾਏ ਗਏ ਅਤੇ ਜੇਤੂ ਬੱਚਿਆਂ ਨੂੰ ਇਨਾਮ ਵੀ ਦਿੱਤੇ ਗਏ। ਸਫਾਈ ਕਰਮਚਾਰੀਆਂ ਨੂੰ ਸਫਾਈ ਪ੍ਰਤੀ ਉਤਸਾਹਿਤ ਕਰਨ ਲਈ ਆਪਣੇ ਵਾਰਡਾਂ ਵਿੱਚ ਚੰਗੀ ਸਫਾਈ ਰੱਖਣ ਵਾਲੇ ਸਫਾਈ ਸੇਵਕਾਂ ਨੂੰ ਪ੍ਰਸ਼ੰਸਾ ਪੱਤਰ ਵੀ ਦਿੱਤੇ ਗਏ। ਉਹਨਾਂ ਦੱਸਿਆ ਕਿ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਲਈ ਨਗਰ ਨਿਗਮ ਦੇ ਅਧਿਕਾਰੀਆਂ, ਕਰਮਚਾਰੀਆਂ/ਸਫਾਈ ਸੇਵਕਾਂ, ਸਵੈ-ਸੇਵੀ ਸੰਸਥਾਵਾਂ ਅਤੇ ਸ਼ਹਿਰ ਵਾਸੀਆਂ ਵੱਲੋਂ ਪੂਰਾ ਸਹਿਯੋਗ ਦਿੱਤਾ ਗਿਆ।

ਸ਼ਿਵ ਸੂਦ ਨੇ ਹੋਰ ਦੱਸਿਆ ਕਿ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਚਲਾਏ ਗਏ ਸਵੱਛ ਭਾਰਤ ਮਿਸ਼ਨ ਤਹਿਤ ਨਗਰ ਨਿਗਮ ਵਿੱਚ ਟੁਆਇਲੈਟ ਬਣਾਉਣ ਲੋਕਾਂ ਨੂੰ ਵਿੱਤੀ ਸਹਾਇਤੀ ਦਿੱਤੀ ਗਈ। ਤਾਂ ਜ਼ੋ ਸ਼ਹਿਰ ਨੂੰ ਖੁੱਲੇ ਵਿੱਚ ਸ਼ੋਚ ਤੋਂ ਸ਼ਹਿਰ ਨੂੰ ਮੁਕਤ ਕੀਤਾ ਜਾ ਸਕੇ। ਉਹਨਾਂ ਦੱਸਿਆ ਕਿ ਨਗਰ ਨਿਗਮ ਵੱਲੋਂ ਸਵੱਛ ਭਾਰਤ ਮਿਸ਼ਨ ਤਹਿਤ ਹੋਰ ਸਾਫ ਸੁਥਰਾ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸ ਤੇ ਜੰਗੀ ਪੱਧਰ ਤੇ ਕੰਮ ਕੀਤਾ ਜਾ ਰਿਹਾ ਹੈ ਤਾਂ ਜ਼ੋ ਆਉਣ ਵਾਲੇ ਸਮੇਂ ਵਿੱਚ ਕੁਆਲਟੀ ਕੌਂਸਲ ਆਫ ਇੰਡੀਆ ਵੱਲੋਂ ਕੀਤੇ ਜਾਣ ਵਾਲੇ ਸਰਵੇਖਣ ਵਿੱਚ ਹੁਸ਼ਿਆਰਪੁਰ ਨੂੰ ਪਹਿਲੇ 100 ਸ਼ਹਿਰਾਂ ਵਿੱਚ ਸ਼ਾਮਲ ਕੀਤਾ ਜਾ ਸਕੇ। ਉਹਨਾਂ ਦੱਸਿਆ ਕਿ ਨਗਰ ਨਿਗਮ ਵੱਲੋਂ ਸੋਲਿਡ ਵੇਸਟ ਮੈਨੇਜਮੈਂਟ ਤਹਿਤ ਸ਼ਹਿਰ ਦੇ ਕਚਰੇ ਨੂੰ ਡਿਸਪੋਜ਼ ਆਫ ਕਰਨ ਲਈ ਕੰਪੋਸਟ ਮਸ਼ੀਨ ਲਗਾਕੇ ਦੇਣ ਦੀ ਮੰਗ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਭਾਰਤ ਸਰਕਾਰ ਦੀ ਅਮ੍ਰਿਤ ਯੋਜਨਾ ਤਹਿਤ ਸ਼ਹਿਰ ਦੇ ਨਵੇਂ ਬਣੇ ਮੁਹੱਲਿਆਂ ਵਿੱਚ ਸੀਵਰੇਜ਼, ਪੀਣ ਵਾਲਾ ਪਾਣੀ ਮੁਹੱਇਆ ਕਰਵਾਉਣ ਦੇ ਨਾਲ ਨਾਲ ਪੱਕੀਆਂ ਗਲੀਆਂ ਅਤੇ ਸਫਾਈ ਦਾ ਵੀ ਪ੍ਰਬੰਧ ਕੀਤਾ ਜਾਵੇਗਾ।